ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਪਸ਼ੂਆਂ ਦੀ ਖੁਰਾਕ ਬਣਾਉਣ ਲਈ ਪਰਾਲੀ ਦੀ ਕੀਤੀ ਜਾਵੇ ਵਰਤੋਂ : ਡਿਪਟੀ ਕਮਿਸ਼ਨਰ

ਝੋਨੇ ਦੀ ਰਹਿੰਦ-ਖੂਹਿੰਦ ਨੂੰ ਸੰਭਾਲਣ ਲਈ ਕੀਤੀਆਂ ਵਿਚਾਰਾਂ

ਗਊਸ਼ਲਾਵਾਂ ਨੂੰ ਆਉਂਦੀਆਂ ਸਮੱਸਿਆਵਾਂ ਬਾਰੇ ਹੈਲਪ ਸੈਂਟਰ ਸਥਾਪਿਤ

ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਕੀਤੀ ਅਪੀਲ

ਪਰਾਲੀ ਦੀ ਵਰਤੋਂ ਪ੍ਰਤੀ ਜਾਗਰੂਕ ਕਰਦੀ ਦਿਖਾਈ ਗਈ ਵੀਡੀਓ

ਕਿਸਾਨ ਆਪਣੀ ਪਰਾਲੀ ਗਊਸ਼ਲਾਵਾਂ ਨੂੰ ਕਰਵਾਉਣ ਮੁਹੱਈਆ

ਫਾਜ਼ਿਲਕਾ 04 ਅਕਤੂਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਪਰਾਲੀ ਨੂੰ ਅੱਗ ਨਾ ਲਗਾਉਣ ਤੇ ਉਸਦੀ ਸਾਂਭ-ਸੰਭਾਲ ਲਈ ਮੀਟਿੰਗ ਕੀਤੀ ਗਈ। ਇਸ ਦੌਰਾਨ ਜਮੀਂਦਾਰਾ ਫਾਰਮਸੋਲਯੂਸ਼ਨਜ਼ ਤੇ ਨਾਬਾਰਡ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਿਸਾਨਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਮੀਟਿੰਗ ਦੌਰਾਨ ਪਰਾਲੀ ਨੂੰ ਅੱਗ ਨਾ ਲਾ ਕੇ ਉਸਦੀ ਸੰਭਾਲ ਤੇ ਪਸ਼ੂਆਂ ਲਈ ਖੁਰਾਕ ਬਣਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਦੀ ਹੋਈ ਇਕ ਵੀਡੀਓ ਵੀ ਦਿਖਾਈ ਗਈ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨ ਆਪਣੀ ਝੋਨੇ ਦੀ ਪਰਾਲੀ ਨੂੰ ਪਸ਼ੂਆਂ ਦੀ ਖੁਰਾਕ ਵਜੋਂ ਵਰਤ ਸਕਦੇ ਹਨ ਅਤੇ ਪਰਾਲੀ ਦਾ ਆਚਾਰ ਬਣਾ ਕੇ ਪਸ਼ੂਆਂ ਨੂੰ ਦਿੱਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਆਪਣੀ ਪਰਾਲੀ ਦੀ ਖਪਤ ਕਰਨ ਲਈ ਗਊਸ਼ਲਾਵਾਂ ਨੂੰ ਵੀ ਦੇ ਸਕਦੇ ਹਨ ਜਿਸ ਨਾਲ ਉਨ੍ਹਾਂ ਦੀ ਪਰਾਲੀ ਦੀ ਸਮੱਸਿਆ ਦਾ ਹੱਲ ਵੀ ਹੋਵੇਗਾ ਅਤੇ ਗਊਸ਼ਲਾਵਾਂ ਵਿੱਚ ਚਾਰੇ ਦੀ ਘਾਟ ਵੀ ਨਹੀਂ ਆਏਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਕਿਸਾਨਾਂ ਨੂੰ

ਝੋਨੇ ਦੀ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਵੱਖ-ਵੱਖ ਤਰੀਕਿਆਂ ਬੇਲਰ, ਸਟ੍ਰਾਅ ਚੌਂਪਰ, ਮਲਚਰ, ਪਲਟਾਵਾਂ ਹਲ ਤੇ ਟਰਬੋ ਹੈਪੀ ਸੀਡਰ ਦੀ ਵਰਤੋਂ ਕਰਨੀ ਚਾਹੀਦੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਪਰਾਲੀ ਦੀ ਰਹਿੰਦ-ਖੂੰਹਦ ਨੂੰ ਵਰਤੋਂ ਵਿੱਚ ਲਿਆਉਣ ਲਈ ਆਏ ਹੋਏ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਪਰਾਲੀ ਨੂੰ ਵਰਤੋਂ ਵਿੱਚ ਲਿਆਉਣ ਅਤੇ ਅੱਗ ਲਾਉਣ ਤੋਂ ਗੁਰੇਜ਼ ਕਰਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਬਹੁਤ ਜ਼ਿਆਦਾ ਨੁਕਸਾਨ ਹਨ, ਇਸ ਲਈ ਝੋਨੇ ਦੀ ਰਹਿੰਦ-ਖੂਹਿੰਦ ਨੂੰ ਅੱਗ ਨਾ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਘੱਟਦੀ ਹੈ ਤੇ ਕਿਸਾਨਾਂ ਦੇ ਮਿੱਤਰ ਕੀੜੇ ਵੀ ਮਰ ਜਾਂਦੇ ਹਨ ਜਿਸ ਨਾਲ ਫ਼ਸਲ ਤੋਂ ਜ਼ਿਆਦਾ ਝਾੜ ਪ੍ਰਾਪਤ ਨਹੀਂ ਹੁੰਦਾ।

ਇਸ ਮੌਕੇ ਕਿਸਾਨਾਂ ਨੂੰ ਵੀਡੀਓ ਦਿਖਾਈ ਗਈ ਜਿਸ ਵਿੱਚ ਪਰਾਲੀ ਦੀ ਵਰਤੋਂ ਕਰਨ ਲਈ ਦੱਸਿਆ ਗਿਆ। ਇਸ ਵੀਡੀਓ ਵਿੱਚ ਪਰਾਲੀ ਵਿੱਚ ਪਾਏ ਜਾਂਦੇ ਪੌਸ਼ਟਿਕ ਤੱਤਾਂ ਬਾਰੇ ਵੀ ਜਾਗਰੂਕ ਕੀਤਾ ਗਿਆ ਤਾਂ ਜੋ ਕਿਸਾਨ ਆਪਣੇ ਪਸ਼ੂਆਂ ਨੂੰ ਚਾਰੇ ਵਜੋਂ ਪਰਾਲੀ ਦੀ ਵਰਤੋਂ ਕਰਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਸ੍ਰੀ ਰਣਬੀਰ ਸਿੰਘ ਮੁੱਧਲ, ਐਸ.ਡੀ.ਐਮ. ਫਾਜ਼ਿਲਕਾ ਸ੍ਰੀ ਬਲਬੀਰ ਰਾਜ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਅਰੁਣ ਜਿੰਦਲ, ਜਮੀਂਦਾਰਾ ਫਾਰਮ ਸੋਲਯੂਸ਼ਨਜ਼ ਪ੍ਰਾਇਵੇਟ ਲਿਮਟਿਡ ਦੇ ਐਮ.ਡੀ. ਸ੍ਰੀ ਸੁਰਿੰਦਰ ਕੁਮਾਰ ਆਹੂਜਾ, ਪਸ਼ੂਧਨ ਚਾਰਾ ਸੰਸਾਧਨ ਤੇ ਤਕਨੀਕੀ ਕੇਂਦਰ ਦੇ ਪ੍ਰੋਫੈਸਰ ਸ੍ਰੀ ਰਾਜੇਸ਼ ਕੁਮਾਰ ਧੂੜੀਆ, ਗਊਸ਼ਲਾਵਾਂ ਦੇ ਪ੍ਰਬੰਧਕ ਅਤੇ ਕਿਸਾਨ ਹਾਜ਼ਰ ਸਨ।